ਮਾਰੂ ਮਹਲਾ ੩ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਜਹ ਬੈਸਾਲਹਿ ਤਹ ਬੈਸਾ ਸੁਆਮੀ ਜਹ ਭੇਜਹਿ ਤਹ ਜਾਵਾ ॥ ਸਭ ਨਗਰੀ ਮਹਿ ਏਕੋ ਰਾਜਾ ਸਭੇ ਪਵਿਤੁ ਹਹਿ ਥਾਵਾ ॥ ੧॥ ਬਾਬਾ ਦੇਹਿ ਵਸਾ ਸਚ ਗਾਵਾ ॥ ਜਾ ਤੇ ਸਹਜੇ ਸਹਜਿ ਸਮਾਵਾ ॥੧॥ ਰਹਾਉ ॥ ਬੁਰਾ ਭਲਾ ਕਿਛੁ ਆਪਸ ਤੇ ਜਾਨਿਆ ਏਈ ਸਗਲ ਵਿਕਾਰਾ ॥ ਇਹੁ ਫੁਰਮਾਇਆ ਖਸਮ ਕਾ ਹੋਆ ਵਰਤੈ ਇਹੁ ਸੰਸਾਰਾ ॥ ੨॥ ਇੰਦ੍ਰੀ ਧਾਤੁ ਸਬਲ ਕਹੀਅਤ ਹੈ ਇੰਦ੍ਰੀ ਕਿਸ ਤੇ ਹੋਈ ॥ ਆਪੇ ਖੇਲ ਕਰੈ ਸਭਿ ਕਰਤਾ ਐਸਾ ਬੂਝੈ ਕੋਈ ॥ ੩॥ ਗੁਰ ਪਰਸਾਦੀ ਏਕ ਲਿਵ ਲਾਗੀ ਦੁਬਿਧਾ ਤਦੇ ਬਿਨਾਸੀ ॥ ਜੋ ਤਿਸੁ ਭਾਣਾ ਸੋ ਸਤਿ ਕਰਿ ਮਾਨਿਆ ਕਾਟੀ ਜਮ ਕੀ ਫਾਸੀ ॥੪॥ ਭਣਤਿ ਨਾਨਕੁ ਲੇਖਾ ਮਾਗੈ ਕਵਨਾ ਜਾ ਚੂਕਾ ਮਨਿ ਅਭਿਮਾਨਾ ॥ ਤਾਸੁ ਤਾਸੁ ਧਰਮ ਰਾਇ ਜਪਤੁ ਹੈ ਪਏ ਸਚੇ ਕੀ ਸਰਨਾ ॥੫॥੧॥ {ਪੰਨਾ 993}

ਪਦਅਰਥ:- ਜਹ—ਜਿੱਥੇ। ਬੈਸਾਲਹਿ—ਤੂੰ ਬਿਠਾਲਦਾ ਹੈਂ। ਤਹ—ਉਥੇ। ਬੈਸਾ—ਬੈਸਾਂ, ਮੈਂ ਬੈਠਦਾ ਹਾਂ। ਸੁਆਮੀ—ਹੇ ਸੁਆਮੀ! ਜਾਵਾ—ਜਾਵਾਂ, ਮੈਂ ਜਾਂਦਾ ਹਾਂ। ਸਭ ਨਗਰੀ ਮਹਿ—ਸਾਰੀ ਸ੍ਰਿਸ਼ਟੀ ਵਿਚ। ਸਭੇ—ਸਾਰੇ। ਹਹਿ—{ਬਹੁ-ਵਚਨ} ਹਨ।1।

ਬਾਬਾ—ਹੇ ਪ੍ਰਭੂ! ਦੇਹਿ (ਤੂੰ ਇਹ ਦਾਤਿ) ਦੇਹ। ਵਸਾ—ਵੱਸਾਂ, ਮੈਂ ਵੱਸਾਂ। ਸਚ ਗਾਵਾ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਗਾਉਂ (ਪਿੰਡ) ਵਿਚ, ਸਾਧ ਸੰਗਤਿ ਵਿਚ। ਜਾ ਤੇ—ਜਿਸ ਦੀ ਬਰਕਤਿ ਨਾਲ। ਸਹਜੇ—ਸਹਜਿ ਹੀ, ਆਤਮਕ ਅਡੋਲਤਾ ਵਿਚ ਹੀ। ਸਮਾਵਾ—ਸਮਾਵਾਂ, ਮੈਂ ਸਮਾਇਆ ਰਹਾਂ।1। ਰਹਾਉ।

ਆਪਸ ਤੇ—ਆਪਣੇ ਆਪ ਤੋਂ, ਹਉਮੈ ਦੇ ਕਾਰਨ। ਏਈ—ਇਹ (ਹਉਮੈ) ਹੀ। ਸਗਲ—ਸਾਰੇ। ਇਹੁ—ਇਹ ਹੁਕਮ। ਵਰਤੈ—ਵਰਤ ਰਿਹਾ ਹੈ, ਕੰਮ ਕਰ ਰਿਹਾ ਹੈ। ਸੰਸਾਰਾ—ਸੰਸਾਰ ਵਿਚ।2।

ਇੰਦ੍ਰੀ ਧਾਤੁ—ਇੰਦ੍ਰਿਆਂ ਦੀ ਦੌੜ-ਭੱਜ। ਸਬਲ—ਸ-ਬਲ, ਬਲ ਵਾਲੀ। ਕਿਸ ਤੇ—{ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਕਿਸੁ' ਦਾ ੁ ਉੱਡ ਗਿਆ ਹੈ} (ਪਰਮਾਤਮਾ ਤੋਂ ਬਿਨਾ ਹੋਰ) ਕਿਸ ਤੋਂ? ਖੇਲ ਸਭਿ—ਸਾਰੇ ਖੇਲ। ਕੋਈ—ਕੋਈ (ਵਿਰਲਾ) ਮਨੁੱਖ (ਜੋ ਸਾਧ ਸੰਗਤਿ ਵਿਚ ਟਿਕਦਾ ਹੈ)।3।

ਗੁਰ ਪਰਸਾਦੀ—ਗੁਰ ਪਰਸਾਦਿ, ਗੁਰੂ ਦੀ ਕਿਰਪਾ ਨਾਲ। ਲਿਵ—ਲਗਨ, ਪ੍ਰੀਤ। ਦੁਬਿਧਾ—ਮੇਰ-ਤੇਰ। ਤਿਸ ਭਾਣਾ—ਉਸ ਪ੍ਰਭੂ ਨੂੰ ਚੰਗਾ ਲੱਗਾ। ਸਤਿ—ਠੀਕ, ਸਹੀ। ਜਮ—ਮੌਤ, ਆਤਮਕ ਮੌਤ। ਫਾਸੀ—ਫਾਹੀ।4।

ਭਣਤਿ—ਆਖਦਾ ਹੈ। ਮਾਗੈ ਕਵਨਾ—ਕੌਣ ਮੰਗ ਸਕਦਾ ਹੈ? ਕੋਈ ਨਹੀਂ ਮੰਗ ਸਕਦਾ। ਜਾ—ਜਦੋਂ। ਚੂਕਾ—ਮੁੱਕ ਗਿਆ। ਮਨਿ—ਮਨ ਵਿਚ (ਵੱਸਦਾ)। ਤਾਸੁ ਤਾਸੁ—ਤ੍ਰਾਹ ਤ੍ਰਾਹ, ਬਚਾ ਲੈ ਬਚਾ ਲੈ {>wXÔv}। ਪਏ—ਪੈ ਗਏ।5।

ਅਰਥ:- ਹੇ ਪ੍ਰਭੂ! ਤੂੰ (ਮੈਨੂੰ ਇਹ ਦਾਨ) ਦੇਹ ਕਿ ਮੈਂ ਤੇਰੀ ਸਾਧ ਸੰਗਤਿ ਵਿਚ ਟਿਕਿਆ ਰਹਾਂ, ਜਿਸ ਦੀ ਬਰਕਤਿ ਨਾਲ ਮੈਂ ਸਦਾ ਆਤਮਕ ਅਡੋਲਤਾ ਵਿਚ ਲੀਨ ਰਹਾਂ।1। ਰਹਾਉ।

ਹੇ ਪ੍ਰਭੂ! (ਜਦੋਂ ਮੈਂ ਆਤਮਕ ਅਡੋਲਤਾ ਵਿਚ ਲੀਨ ਰਹਾਂਗਾ, ਤਾਂ) ਜਿੱਥੇ ਤੂੰ ਮੈਨੂੰ ਬਿਠਾਏਂਗਾ ਮੈਂ ਉਥੇ ਬੈਠਾ ਰਹਾਂਗਾ, ਜਿਥੇ ਤੂੰ ਮੈਨੂੰ ਭੇਜੇਂਗਾ ਮੈਂ ਉਥੇ ਜਾਵਾਂਗਾ (ਭਾਵ, ਮੈਂ ਹਰ ਵੇਲੇ ਤੇਰੀ ਰਜ਼ਾ ਵਿਚ ਰਹਾਂਗਾ)। ਹੇ ਸੁਆਮੀ! ਸਾਰੀ ਸ੍ਰਿਸ਼ਟੀ ਵਿਚ ਮੈਨੂੰ ਤੂੰ ਹੀ ਇਕ ਪਾਤਿਸ਼ਾਹ (ਦਿੱਸੇਂਗਾ, ਤੇਰੀ ਵਿਆਪਕਤਾ ਦੇ ਕਾਰਨ ਧਰਤੀ ਦੇ) ਸਾਰੇ ਹੀ ਥਾਂ ਮੈਨੂੰ ਪਵਿੱਤਰ ਜਾਪਣਗੇ।1।

ਹੇ ਭਾਈ! ਹਉਮੈ ਦੇ ਕਾਰਨ ਮਨੁੱਖ ਕਿਸੇ ਨੂੰ ਭੈੜਾ ਤੇ ਕਿਸੇ ਨੂੰ ਚੰਗਾ ਸਮਝਦਾ ਹੈ, ਇਹ ਹਉਮੈ ਹੀ ਸਾਰੇ ਵਿਕਾਰਾਂ ਦਾ ਮੂਲ ਬਣਦੀ ਹੈ। (ਸਾਧ ਸੰਗਤਿ ਦੀ ਬਰਕਤਿ ਨਾਲ ਆਤਮਕ ਅਡੋਲਤਾ ਵਿਚ ਰਹਿਣ ਵਾਲੇ ਨੂੰ ਦਿੱਸਦਾ ਹੈ

ਕਿ) ਇਹ ਭੀ ਖਸਮ-ਪ੍ਰਭੂ ਦਾ ਹੁਕਮ ਹੀ ਹੋ ਰਿਹਾ ਹੈ, ਇਹ ਹੁਕਮ ਹੀ ਸਾਰੇ ਜਗਤ ਵਿਚ ਵਰਤ ਰਿਹਾ ਹੈ।2।

(ਹੇ ਭਾਈ! ਸਾਰੀ ਸ੍ਰਿਸ਼ਟੀ ਵਿਚ) ਇਹ ਗੱਲ ਆਖੀ ਜਾ ਰਹੀ ਹੈ ਕਿ ਇੰਦ੍ਰਿਆਂ ਦੀ ਦੌੜ-ਭੱਜ ਬੜੀ ਬਲ ਵਾਲੀ ਹੈ; ਪਰ (ਸਾਧ ਸੰਗਤਿ ਦੀ ਬਰਕਤਿ ਨਾਲ ਸਹਿਜ ਅਵਸਥਾ ਵਿਚ ਟਿਕਿਆ ਹੋਇਆ) ਕੋਈ ਵਿਰਲਾ ਮਨੁੱਖ ਇਉਂ ਸਮਝਦਾ ਹੈ ਕਿ (ਕਾਮ-ਵਾਸਨਾ ਆਦਿਕ ਵਾਲੀ) ਇੰਦ੍ਰੀ ਭੀ (ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਤੋਂ ਨਹੀਂ ਬਣੀ, (ਉਹ ਇਹ ਸਮਝਦਾ ਹੈ ਕਿ) ਸਾਰੇ ਕੌਤਕ ਕਰਤਾਰ ਆਪ ਹੀ ਕਰ ਰਿਹਾ ਹੈ।3।

(ਹੇ ਭਾਈ! ਸਾਧ ਸੰਗਤਿ ਵਿਚ ਰਹਿ ਕੇ ਜਦੋਂ) ਗੁਰੂ ਦੀ ਕਿਰਪਾ ਨਾਲ ਇਕ ਪਰਮਾਤਮਾ ਦਾ ਪਿਆਰ (ਹਿਰਦੇ ਵਿਚ) ਬਣ ਜਾਂਦਾ ਹੈ, ਤਦੋਂ (ਮਨੁੱਖ ਦੇ ਅੰਦਰੋਂ) ਮੇਰ-ਤੇਰ ਦੂਰ ਹੋ ਜਾਂਦੀ ਹੈ। ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਹ ਮਨੁੱਖ ਉਸ ਨੂੰ ਠੀਕ ਮੰਨਦਾ ਹੈ, ਤੇ, ਉਸ ਦੀ ਆਤਮਕ ਮੌਤ ਵਾਲੀ ਫਾਹੀ ਕੱਟੀ ਜਾਂਦੀ ਹੈ।4।

ਨਾਨਕ ਆਖਦਾ ਹੈ—(ਸਾਧ ਸੰਗਤਿ ਦੀ ਬਰਕਤਿ ਨਾਲ) ਜਦੋਂ ਮਨੁੱਖ ਦੇ ਮਨ ਵਿਚ (ਵੱਸਦਾ) ਅਹੰਕਾਰ ਮੁੱਕ ਜਾਂਦਾ ਹੈ ਤਾਂ ਕੋਈ ਭੀ (ਉਸ ਪਾਸੋਂ ਉਸ ਦੇ ਮਾੜੇ ਕਰਮਾਂ ਦਾ) ਲੇਖਾ ਨਹੀਂ ਮੰਗ ਸਕਦਾ (ਕਿਉਂਕਿ ਉਸ ਦੇ ਅੰਦਰ ਕੋਈ ਭੈੜ ਰਹਿ ਹੀ ਨਹੀਂ ਜਾਂਦੇ)। (ਸਾਧ ਸੰਗਤਿ ਵਿਚ ਰਹਿਣ ਵਾਲੇ ਬੰਦੇ) ਉਸ ਸਦਾ-ਥਿਰ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ ਜਿਸ ਦੀ ਹਜ਼ੂਰੀ ਵਿਚ ਧਰਮਰਾਜ ਭੀ ਆਖਦਾ ਰਹਿੰਦਾ ਹੈ—ਮੈਂ ਤੇਰੀ ਸਰਨ ਹਾਂ, ਮੈਂ ਤੇਰੀ ਸਰਨ ਹਾਂ।5।1।

ਨੋਟ:- ਸਤਸੰਗ ਵਿਚ ਟਿਕਿਆਂ 'ਸਹਿਜ ਅਵਸਥਾ' ਪ੍ਰਾਪਤ ਹੁੰਦੀ ਹੈ ਜਿਸ ਦਾ ਨਕਸ਼ਾ ਇਸ ਸਾਰੇ ਸ਼ਬਦ ਵਿਚ ਹੈ।